N.O.C. 217

ਨੰ: 2/70/08-2ਸਿ3/ 315
ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਨਨਕਾਣਾ ਸਾਹਿਬ, ਸੀਨੀਅਰ ਸੈਕੰਡਰੀ ਪਬਲਿਕ ਸਕੂਲ,
ਕਿਲਾ ਰਾਏਪੁਰ, ਜਿਲਾ ਲੁਧਿਆਣਾ।

ਮਿਤੀ,ਚੰਡੀਗੜ੍ਹ 27/6/2008

ਵਿਸ਼ਾ:- ਨਨਕਾਣਾ ਸਾਹਿਬ, ਸੀਨੀਅਰ ਸੈਕੰਡਰੀ ਪਬਲਿਕ ਸਕੂਲ,ਕਿਲਾ ਰਾਏਪੁਰ, ਜਿਲਾ ਲੁਧਿਆਣਾ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

---

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਲੁਧਿਆਣਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ /ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਜਾਣਕਾਰੀ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

N.O.C

2 ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ ਬੀ ਐਸ ਈ, ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ. ਐਸ. ਈ ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

5 ਇਹ ਕਿ ਆਪ ਦੇ ਸਕੂਲ ਦੇ ਚੇਅਰਮੈਨ ਵੱਲੋਂ ਪੰਜਾਬੀ ਭਾਸ਼ਾ ਨੂੰ ਲਾਜ਼ਮੀ ਵਿਸ਼ੇ ਦੇ ਤੌਰ ਤੇ ਪੜ੍ਹਾਉਣ ਬਾਰੇ ਹਲਫੀਆ ਬਿਆਨ ਸਰਕਾਰ ਨੂੰ ਇਕ ਹਫਤੇ ਦੇ ਅੰਦਰ-ਅੰਦਰ ਭੇਜਿਆ ਜਾਵੇ।

ਇਹ ਪ੍ਰਵਾਨਗੀ ਮਾਨਯੋਗ ਸਿੱਖਿਆ ਮੰਤਰੀ ਜੀ ਦੇ ਹੁਕਮ ਮਿਤੀ 27-6-08 ਅਨੁਸਾਰ ਜਾਰੀ ਕੀਤੀ ਜਾਂਦੀ ਹੈ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ: 2/70/08-2ਸਿ3 ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/34-08/ ਯੂ- 1(3)/717 ਮਿਤੀ 25-6-2008 ਦੇ ਹਵਾਲੇ ਵਿਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ